ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ

ਕਣਕ ਦੀ ਨਿਰਵਿਘਨ ਖਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਸ਼ਲਾਘਾਯੋਗ ਪ੍ਰਬੰਧ-ਵਿਧਾਇਕ ਡਾ. ਧਰਮਬੀਰ ਅਗਨੀਹੋਤਰੀ

ਮੰਡੀਆਂ ਵਿੱਚ ਆਪਣੀ ਫਸਲ ਵੇਚਣ ਲਈ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਡਿਪਟੀ ਕਮਿਸ਼ਨਰ

ਹਲਕਾ ਵਿਧਾਇਕ ਅਤੇ ਡਿਪਟੀ ਕਮਿਸ਼ਨਰ ਨੇ ਅੱਜ ਦਾਣਾ ਮੰਡੀ ਝਬਾਲ ਵਿਖੇ ਪਹੁੰਚ ਕੇ ਸ਼ੁਰੂ ਕਰਵਾਈ ਕਣਕ ਦੀ ਖਰੀਦ

ਤਰਨ ਤਾਰਨ, 23 ਅਪ੍ਰੈਲ :

ਹਲਕਾ ਵਿਧਾਇਕ ਤਰਨ ਤਾਰਨ ਡਾ. ਧਰਮਬੀਰ ਅਗਨੀਹੋਤਰੀ ਅਤੇ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਦਾਣਾ ਮੰਡੀ ਝਬਾਲ ਵਿਖੇ ਪਹੁੰਚ ਕੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਅਤੇ ਮੰਡੀ ਵਿੱਚ ਕਣਕ ਲਿਆਉਣ ਵਾਲੇ ਕਿਸਾਨਾਂ ਦਾ ਫੁੱਲਾਂ ਨਾਲ ਸਵਾਗਤ ਕੀਤਾ। ਇਸ ਮੌਕੇ ਐੱਸ. ਡੀ. ਐੱਮ. ਤਰਨ ਤਾਰਨ ਸ੍ਰੀ ਰਜਨੀਸ਼ ਅਰੋੜਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਇਸ ਮੌਕੇ ਬੋਲਦਿਆਂ ਹਲਕਾ ਵਿਧਾਇਕ ਡਾ. ਧਰਮਬੀਰ ਅਗਨੀਹੋਤਰੀ ਨੇ ਕਿਹਾ ਕੋਵਿਡ-19 ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਲਗਾਏ ਗਏ ਕਰਫ਼ਿਊ ਦੌਰਾਨ ਕਿਸਾਨਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਹਨਾਂ ਕਿਹਾ ਕਰੋਨਾ ਵਾਇਰਸ ਦੇ ਚੱਲਦੇ ਹੋਏ ਜ਼ਿਲ੍ਹੇ ਵਿੱਚ ਕਣਕ ਦੀ ਨਿਰਵਿਘਨ ਖਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਲਾਘਾਯੋਗ ਪ੍ਰਬੰਧ ਕੀਤੇ ਗਏ ਹਨ।

ਉਨ੍ਹਾਂ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਖਰੀਦ ਕੇਂਦਰਾਂ ਦੀ ਗਿਣਤੀ ਵਧਾ ਕੇ ਅਤੇ ਮੰਡੀਆਂ 'ਚ ਭੀੜ ਨਾ ਹੋਣ ਦੇਣ ਲਈ ਕੂਪਨ ਸਿਸਟਮ ਚਲਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਜਿੱਥੇ ਸੀਜ਼ਨ ਨਿਰਵਿਘਨਤਾ ਨਾਲ ਨੇਪਰੇ ਚੜ੍ਹੇਗਾ, ਉੱਥੇ ਕੋਰੋਨਾ ਵਾਇਰਸ ਤੋਂ ਰੋਕਥਾਮ 'ਚ ਮੱਦਦ ਮਿਲੇਗੀ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਸਮੁੱਚੇ ਮੰਡੀ ਅਮਲੇ ਅਤੇ ਆੜ੍ਹਤੀਆਂ ਨੂੰ ਤਾਕੀਦ ਕੀਤੀ ਕਿ ਉਹ ਵਿਸ਼ਵ ਭਰ 'ਚ ਫੈਲੀ ਮਹਾਂਮਾਰੀ ਕੋਵਿਡ-19 ਤੋਂ ਆਪਣੇ ਸਟਾਫ਼, ਖਰੀਦ ਏਜੰਸੀਆਂ, ਮੁਨੀਮਾਂ, ਤੋਲਿਆਂ, ਲੇਬਰ ਅਤੇ ਕਿਸਾਨਾਂ ਨੂੰ ਬਚਾਉਣ ਲਈ ਜਿੱਥੇ "ਸੋਸ਼ਲ ਡਿਸਟੈਂਸਿੰਗ" 'ਤੇ ਪੂਰਾ ਧਿਆਨ ਦੇਣ ਅਤੇ ਮੰਡੀਆਂ ਦੀ ਸੈਨੇਟਾਈਜ਼ੇਸ਼ਨ ਵੀ ਬੇਹਤਰ ਢੰਗ ਨਾਲ ਕਰਵਾਈ ਜਾਵੇ। ਲੇਬਰ ਅਤੇ ਹੋਰ ਅਮਲੇ ਨੂੰ ਬਾਕਾਇਦਾ ਮਾਸਕ ਪਹਿਨਾਉਣੇ ਲਾਜ਼ਮੀ ਕੀਤੇ ਜਾਣ।ਉਹਨਾਂ ਕਿਹਾ ਕਿ ਮੰਡੀਆਂ ਵਿੱਚ ਆਪਣੀ ਫਸਲ ਵੇਚਣ ਲਈ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੀ ਫਸਲ ਸੁਕਾ ਕੇ ਹੀ ਮੰਡੀਆਂ 'ਚ ਲਿਆਉਣ।

ਇਸ ਮੌਕੇ ਵਿਧਾਇਕ ਡਾ. ਧਰਮਬੀਰ ਅਗਨੀਹੋਤਰੀ ਅਤੇ ਡਿਪਟੀ ਕਮਿਸ਼ਨਰ ਵੱਲੋਂ ਮੰਡੀਆਂ ਵਿੱਚ ਕੰਮ ਕਰਨ ਵਾਲੀ ਲੇਬਰ ਅਤੇ ਕਿਸਾਨਾਂ ਨੂੰ ਮਾਸਕ ਵੀ ਵੰਡੇ ਗਏ।

ਇਸ ਮੌਕੇ ਮੰਡੀ 'ਚ ਜਿਣਸ ਲੈ ਕੇ ਆਏ ਕਿਸਾਨਾਂ ਨੇ ਸਰਕਾਰ ਵੱਲੋਂ ਕੋਵਿਡ ਨਾਲ ਨਿਪਟਦੇ ਹੋਏ ਕਣਕ ਦੀ ਨਿਰਵਿਘਨ ਖਰੀਦ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ

ਜ਼ਿਲ੍ਹੇ ਦੇ ਸਾਰੇ ਖਰੀਦ ਕੇਂਦਰਾਂ 'ਤੇ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ-ਡਿਪਟੀ ਕਮਿਸ਼ਨਰ

22 ਅਪ੍ਰੈਲ ਤੱਕ ਵੱਖ-ਵੱਖ ਖਰੀਦ ਏਜੰਸੀਆਂ ਨੇ ਕੀਤੀ 19746 ਮੀਟ੍ਰਿਕ ਟਨ ਕਣਕ ਖਰੀਦ

ਤਰਨ ਤਾਰਨ, 23 ਅਪ੍ਰੈਲ :

ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਖਰੀਦ ਕੇਂਦਰਾਂ 'ਤੇ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ ਹੈ।ਸਬੰਧਿਤ ਵਿਭਾਗਾਂ ਅਤੇ ਵੱਖ-ਵੱਖ ਖਰੀਦ ਏਜੰਸੀਆਂ ਨੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ 'ਚ ਬੁੱਧਵਾਰ ਤੱਕ 21770 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 19746 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀਮਤੀ ਪਰਮਜੀਤ ਕੌਰ, ਐੱਸ. ਡੀ. ਐੱਮ. ਤਰਨ ਤਾਰਨ ਸ੍ਰੀ ਰਜਨੀਸ਼ ਅਰੋੜਾ, ਐੱਸ. ਡੀ. ਐੱਮ. ਪੱਟੀ ਸ੍ਰੀ ਨਰਿੰਦਰ ਸਿੰਘ ਧਾਲੀਵਾਲ, ਐੱਸ. ਡੀ. ਐੱਮ. ਖਡੂਰ ਸਾਹਿਬ ਸ੍ਰੀ ਰਾਜੇਸ਼ ਸ਼ਰਮਾ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀਮਤੀ ਜਸਜੀਤ ਕੌਰ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਸ੍ਰੀ ਅਜੈਪਾਲ ਸਿੰਘ ਰੰਧਾਵਾ ਤੋਂ ਇਲਾਵਾ ਵੱਖ-ਵੱਖ ਏਜੰਸੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਦੀ ਫਸਲ ਦੀ ਨਾਲੋ-ਨਾਲ ਖਰੀਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਸਾਨਾ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕੀ ਕਣਕ ਹੀ ਲੈ ਕੇ ਆਉਣ ਤਾਂ ਜੋ ਫਸਲ ਦੀ ਮੌਕੇ 'ਤੇ ਹੀ ਖਰੀਦ ਕੀਤੀ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨ ਮੰਡੀਆਂ ਵਿੱਚ ਆਪਸ ਵਿਚ "ਸ਼ੋਸਲ ਡਿਟੈਸਿੰਗ" ਕਾਇਮ ਰੱਖਣਾ ਯਕੀਨੀ ਬਣਾਉਣ।ਮੰਡੀਆਂ 'ਚ ਕਣਕ ਲਿਆਉਣ ਸਮੇਂ ਟਰੈਕਟਰ-ਟਰਾਲੀ 'ਤੇ ਇੱਕ ਤੋਂ ਵੱਧ ਵਿਅਕਤੀ ਬਿਠਾਉਣ ਤੋਂ ਗੁਰੇਜ਼ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 22 ਅਪ੍ਰੈਲ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 21770 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ। ਮੰਡੀਆਂ 'ਚ ਪਹੰੁਚੀ ਕਣਕ ਵਿੱਚੋਂ 19746 ਮੀਟ੍ਰਿਕ ਟਨ ਕਣਕ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀ ਜਾ ਚੁੱਕੀ ਹੈ। ਉਹਨਾਂ ਦੱਸਿਆ ਕਿ ਪਨਗਰੇਨ ਵੱਲੋਂ 5381 ਮੀਟ੍ਰਿਕ ਟਨ, ਐੱਫ਼. ਸੀ. ਆਈ. ਵੱਲੋਂ 3657, ਮਾਰਕਫੈੱਡ ਵੱਲੋਂ 3623 ਮੀਟ੍ਰਿਕ ਟਨ, ਪਨਸਪ ਵੱਲੋਂ 3222 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਕਾਰਪੋਰੇਸ਼ਨ ਵੱਲੋਂ 3863 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ

ਪੰਜਾਬ ਸਰਕਾਰ ਨੇ ਪਵਿੱਤਰ ਰਮਜ਼ਾਨ ਮਹੀਨੇ ਨੂੰ ਸੁਰੱਖਿਅਤ ਢੰਗ ਨਾਲ ਮਨਾਉਣ ਸਬੰਧੀ ਜਾਰੀ ਕੀਤੀ ਅਡਵਾਈਜ਼ਰੀ-ਡਿਪਟੀ ਕਮਿਸ਼ਨਰ

ਮੁਸਲਿਮ ਭਾਈਚਾਰੇ ਨੂੰ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਦੀ ਧਿਆਨ ਨਾਲ ਪਾਲਣਾ ਕਰਨ ਦੀ ਕੀਤੀ ਅਪੀਲ

ਤਰਨ ਤਾਰਨ, 23 ਅਪ੍ਰੈਲ :

ਪੰਜਾਬ ਸਰਕਾਰ ਨੇ ਕੋਵਿਡ -19 ਮਹਾਂਮਾਰੀ ਦੇ ਮੱਦੇਨਜ਼ਰ ਪਵਿੱਤਰ ਰਮਜ਼ਾਨ ਮਹੀਨੇ ਨੂੰ ਸੁਰੱਖਿਅਤ ਢੰਗ ਨਾਲ ਮਨਾਉਣ ਸੰਬੰਧੀ ਇੱਕ ਅਡਵਾਈਜ਼ਰੀ ਜਾਰੀ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮਨੁੱਖੀ ਮੇਲ ਜੋਲ ਰਾਹੀਂ ਇਸ ਵਾਇਰਸ ਨੂੰ ਫੈਲਣ ਤੋਂ ਰੋਕਣ ਦੇ ਉਦੇਸ਼ ਨਾਲ ਲੋਕਾਂ ਦੀ ਖੁੱਲੀ ਆਵਾਜਾਈ `ਤੇ ਪਾਬੰਦੀ ਲਗਾਈ ਹੈ ਅਤੇ ਇਕੱਠ ਕਰਨ 'ਤੇ ਵੀ ਰੋਕ ਲਗਾ ਦਿੱਤੀ ਹੈ।ਉਹਨਾਂ ਦੱਸਿਆ ਕਿ ਕੋਵਿਡ -19 ਮਹਾਂਮਾਰੀ ਕਾਰਨ ਪੈਦਾ ਹੋਏ ਇਸ ਸੰਕਟਕਾਲੀ ਸਮੇਂ ਦੌਰਾਨ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਜਸ਼ਨ ਮਨਾਉਣ ਵਾਲੀਆਂ ਥਾਵਾਂ `ਤੇ ਕੁਝ ਖਾਸ ਰੋਕਥਾਮ ਉਪਾਵਾਂ ਤੇ ਸਾਵਧਾਨੀਆਂ ਦੀ ਧਿਆਨ ਨਾਲ ਪਾਲਣਾ ਕਰਨ ਦੀ ਲੋੜ ਹੈ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਮੁਸਲਿਮ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਧਿਆਨ ਨਾਲ ਪਾਲਣਾ ਕਰਨ, ਜਿਸ ਤਹਿਤ ਸਾਰੀਆਂ ਮਸਜਿਦਾਂ / ਦਰਗਾਹਾਂ / ਇਮਾਮਬਾੜਿਆਂ ਅਤੇ ਹੋਰ ਧਾਰਮਿਕ ਸੰਸਥਾਵਾਂ ਬੰਦ ਰਹਿਣਗੀਆਂ ਅਤੇ ਲੋਕਾਂ ਨੂੰ ਇਕੱਠ ਕਰਕੇ ਨਮਾਜ਼ਾਂ (ਨਿਮਜ਼-ਏ-ਬਾਜਾਮਤ)ਅਦਾ ਕਰਨ, ਜੁੰਮੇ ਦੀ ਨਮਾਜ਼ ਸਮੇਤ ਤਰਾਵੀ ਅਦਾ ਕਰਨ ਦੀ ਮੁਕੰਮਲ ਮਨਾਹੀ ਹੋਵੇਗੀ। ਲੋਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪੋ ਆਪਣੇ ਘਰਾਂ ਤੋਂ ਹੀ ਨਮਾਜ਼ ਅਦਾ ਕਰਨ। ਉਨਾਂ ਕਿਹਾ ਕਿ ਉਰਸ, ਪਬਲਿਕ ਅਤੇ ਪ੍ਰਾਈਵੇਟ ਇਫਤਾਰ ਪਾਰਟੀਆਂ / ਕਾਰਜਾਂ, ਦਾਵਤ-ਏ-ਸੇਹਰੀ ਅਤੇ ਸ਼ਰਧਾਲੂਆਂ ਦੀ ਇਕੱਤਰਤਾ ਵਾਲੇ ਕਿਸੇ ਵੀ ਹੋਰ ਧਾਰਮਿਕ ਸਮਾਗਮਾਂ ਸਮੇਤ ਹਰ ਕਿਸਮ ਦੇ ਜਸ਼ਨਾਂ ਦਾ ਸਖਤੀ ਨਾਲ ਪਰਹੇਜ਼ ਕੀਤਾ ਜਾਵੇ।

ਉਨਾਂ ਕਿਹਾ ਕਿ ਮਸਜਿਦ ਦੇ ਅੰਦਰ ਜੂਸ, ਸ਼ਰਬਤ ਜਾਂ ਖਾਣ-ਪੀਣ ਦੀਆਂ ਹੋਰ ਚੀਜ਼ਾਂ ਜਾਂ ਘਰ-ਘਰ ਜਾ ਕੇ ਵੰਡੀਆਂ ਜਾਣ ਵਾਲੀਆਂ ਚੀਜ਼ਾਂ ਦੀ ਜਨਤਕ ਵੰਡ `ਤੇ ਪੂਰੀ ਤਰਾਂ ਪਾਬੰਦੀ ਹੈ। ਇਸ ਤੋਂ ਇਲਾਵਾ ਖਾਣ ਪੀਣ ਦੀਆਂ ਵਸਤਾਂ ਦੀਆਂ ਦੁਕਾਨਾਂ/ ਰੇਹੜੀਆਂ ਨੂੰ ਮਸਜਿਦ ਦੇ ਨੇੜੇ ਲਗਾਉਣ ਨਹੀਂ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪਹਿਲਾਂ ਤੋਂ ਮੌਜੂਦ ਸਿਹਤ ਸਮੱਸਿਆਵਾਂ ਜਿਵੇਂ ਕਿ ਸ਼ੂਗਰ, ਦਿਲ ਦੀਆਂ ਬਿਮਾਰੀਆਂ ਆਦਿ ਵਾਲੇ ਵਿਅਕਤੀਆਂ ਨੂੰ ਸਹੀ ਡਾਕਟਰੀ ਸਲਾਹ ਤੋਂ ਬਾਅਦ ਹੀ ਰੋਜ਼ਾ ਰੱਖਣਾ ਚਾਹੀਦਾ ਹੈ। ਉਨਾਂ ਕਿਹਾ ਕਿ ਮਸਜਿਦ ਵਿੱਚ ਜਨਤਕ ਸੰਬੋਧਨ ਦੀ ਵਰਤੋਂ ਕੇਵਲ ਸਥਾਨਕ ਅਧਿਕਾਰੀਆਂ ਦੁਆਰਾ ਕਿਸੇ ਕਿਸਮ ਦੀ ਘੋਸ਼ਣਾ ਕਰਨ ਲਈ ਜਾਂ ਲੋੜ ਪੈਣ ਤੇ ਸੇਹਰੀ ਦੇ ਅੰਤ ਅਤੇ ਇਫਤਾਰ ਸਮੇਂ ਦੀ ਸ਼ੁਰੂਆਤ ਸਬੰਧੀ ਘੋਸ਼ਣਾ ਲਈ ਹੀ ਕੀਤੀ ਜਾਣੀ ਚਾਹੀਦੀ ਹੈ।

ਉਨਾਂ ਕਿਹਾ ਕਿ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਘਰ ਵਿਚ ਹੀ ਰਹਿਣਾ ਚਾਹੀਦਾ ਹੈ ਅਤੇ ਰਿਸ਼ਤੇਦਾਰਾਂ, ਮਿੱਤਰਾਂ, ਗੁਆਂਢੀਆਂ ਆਦਿ ਨੂੰ ਇਨਾਂ ਦਿਨਾਂ ਦੌਰਾਨ ਹਰ ਸਮੇਂ ਕਿਸੇ ਵੀ ਵਿਅਕਤੀ ਤੋਂ ਘੱਟੋ ਘੱਟ 1 ਮੀਟਰ ਦੀ ਦੂਰੀ ਬਣਾ ਕੇ ਸਮਾਜਿਕ ਦੂਰੀ ਦੇ ਨਿਯਮ ਦੀ ਪਾਲਣਾ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਜਸ਼ਨ ਮਨਾਉਣ ਅਤੇ ਸ਼ੁਭਕਾਮਨਾਵਾਂ ਦੇਣ ਲਈ ਹੋਰਾਂ ਨੂੰ ਜੱਫੀ ਪਾਉਣ ਅਤੇ ਹੱਥ ਮਿਲਾਉਣ ਤੋਂ ਵੀ ਪਰਹੇਜ਼ ਕਰਨਾ ਚਾਹੀਦਾ ਹੈ।

ਸੰਚਾਰ ਅਤੇ ਦਿਲੀ ਪ੍ਰਗਟਾਵੇ ਦੇ ਹੋਰ ਢੰਗਾਂ ਬਾਰੇ ਦੱਸਦਿਆਂ ਉਨਾਂ ਕਿਹਾ ਕਿ ਦਿਲ `ਤੇ ਹੱਥ ਰੱਖਣਾ, ਹੱਥ ਲਹਿਰਾਉਣਾ, ਸਿਰ ਹਿਲਾਉਣਾ ਆਦਿ ਨੂੰ ਇਕ ਦੂਜੇ ਨੂੰ ਵਧਾਈ ਦੇਣ ਦੇ ਉਦੇਸ਼ ਲਈ ਵਰਤਿਆ ਜਾ ਸਕਦਾ ਹੈ।ਉਨਾਂ ਕਿਹਾ ਕਿ ਲੋਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪੋ ਆਪਣੇ ਘਰਾਂ ਤੋਂ ਹੀ ਨਮਾਜ਼ ਅਦਾ ਕਰਨ ਅਤੇ ਰਮਜ਼ਾਨ ਦੌਰਾਨ ਇਫ਼ਤਾਰ ਅਤੇ ਜਸ਼ਨਾਂ ਲਈ ਹਰ ਤਰਾਂ ਦੇ ਸਮਾਜਿਕ ਇਕੱਠਾਂ ਤੋਂ ਪਰਹੇਜ਼ ਕਰਨ। ਉਨਾਂ ਕਿਹਾ ਕਿ ਮੋਬਾਈਲ ਅਤੇ ਹੋਰ ਇਲੈਕਟ੍ਰਾਨਿਕ ਮੀਡੀਆ ਨੂੰ ਲੋਕਾਂ ਦੁਆਰਾ ਵਧਾਈਆਂ ਦੇਣ ਲਈ ਇਸਤੇਮਾਲ ਕੀਤਾ ਜਾਣਾ ਚਾਹੀਦਾ ਹੈ।

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ**

**ਜ਼ਿਲ੍ਹੇ ਦੀਆਂ ਧਾਰਮਕਿ ਤੇ ਸਮਾਜ ਸੇਵੀ ਸੰਸਥਾਵਾਂ ਵੱਖ-ਵੱਖ ਸੇਵਾ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾ ਰਹੀਆਂ ਹਨ-ਡਿਪਟੀ ਕਮਿਸ਼ਨਰ**

**ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ 50 ਪੀ. ਪੀ. ਈ. ਕਿੱਟਾਂ ਅਤੇ 300 ਟਰਿਪਲ ਲੇਅਰ ਮਾਸਕ**

ਤਰਨ ਤਾਰਨ, 23 ਅਪ੍ਰੈਲ :--ਕੋਵਿਡ-19 ਦੇ ਚੱਲਦੇ ਜ਼ਿਲ੍ਹੇ ਦੀਆਂ ਧਾਰਮਕਿ ਤੇ ਸਮਾਜ ਸੇਵੀ ਸੰਸਥਾਵਾਂ ਵੱਖ-ਵੱਖ ਸੇਵਾ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾ ਰਹੀਆਂ ਹਨ। ਇਹ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਇਸ ਲੜੀ ਤਹਿਤ ਅੱਜ ਬਾਬਾ ਸੁੱਖਾ ਸਿੰਘ ਦੀ ਅਗਵਾਈ ਹੇਠ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ 50 ਪੀ. ਪੀ. ਈ. ਕਿੱਟਾਂ ਅਤੇ 300 ਟਰਿਪਲ ਲੇਅਰ ਮਾਸਕ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ ਗਏ ਹਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਸੁਰਿੰਦਰ ਸਿੰਘ ਅਤੇ ਸੰਪਰਦਾਇ ਤੋਂ ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ।

ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਲੱਗਭੱਗ 70 ਸੇਵਕਾਂ ਵੱਲੋਂ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਤਰਨ ਤਾਰਨ ਵੱਲੋਂ ਲਗਾਏ ਗਏ ਕੈਂਪ ਦੌਰਾਨ ਖੂਨਦਾਨ ਵੀ ਕੀਤਾ ਗਿਆ ਹੈ।ਇਸ ਮੌਕੇ ਉਹਨਾਂ ਬਾਬਾ ਬਾਬਾ ਸੁੱਖਾ ਸਿੰਘ ਜੀ ਦਾ ਧੰਨਵਾਦ ਕਰਦਿਆਂ ਕਿ ਇਸ ਸਮੇਂ ਇਸ ਦੀ ਬੜੀ ਲੋੜ ਸੀ ਅਤੇ ਇਹ ਪੀ. ਪੀ. ਈ. ਕਿੱਟਾਂ ਅਤੇ ਮਾਸਕ ਸਿਹਤ ਵਿਭਾਗ ਤਰਨ ਤਾਰਨ ਨੂੰ ਭੇਜ ਦਿੱਤੇ ਜਾਣਗੇ।

ਉਹਨਾਂ ਕਿਹਾ ਕਿ ਜ਼ਿਲ੍ਹੇ ਵਿੱਚ ਸੈਂਪਲ ਟੈਸਟਿੰਗ ਕੀਤੀ ਜਾ ਰਹੀ ਹੈ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਫਲੂ ਕਾਰਨਰ ਜਾਂ ਸਕਰੀਨਿੰਗ ਦੌਰਾਨ ਸਾਹਮਣੇ ਆਇਆ ਕੋਈ ਵੀ ਸ਼ੱਕੀ ਮਰੀਜ਼ ਟੈਸਟ ਤੋਂ ਵਾਞਾਂ ਨਾ ਰਹਿ ਜਾਵੇ।ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੁਕੰਮਲ ਪ੍ਰਬੰਧ ਕੀਤੇ ਗਏ ਹਨ।